# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 18-09-2025**

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਆਮਦਨ ਕਰ ਕਾਨੂੰਨ ਅਤੇ ਵਸਤਾਂ ਅਤੇ ਸੇਵਾਵਾਂ ਟੈਕਸ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਗਏ ਨੇ । ਨਵੀਂ ਦਿੱਲੀ ਵਿੱਚ ਪੀ.ਏ.ਐਫ.ਆਈ ਸਾਲਾਨਾ ਫੋਰਮ 2025 ਨੂੰ ਸੰਬੋਧਨ ਕਰਦੇ ਹੋਏ, ਸ੍ਰੀ ਵੈਸ਼ਨਵ ਨੇ ਕਿਹਾ ਕਿ ਵਸਤੂਆਂ ਅਤੇ ਸੇਵਾਵਾਂ ਟੈਕਸ ਘਰੇਲੂ ਵਸਤੂਆਂ ਅਤੇ ਖੇਤੀਬਾੜੀ ਉਤਪਾਦਾਂ ਨੂੰ ਵਧੇਰੇ ਕਿਫਾਇਤੀ ਬਣਾਉਣ ਲਈ ਤਿਆਰ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਜਦੋਂ ਵਸਤੂਆਂ ਦੀਆਂ ਕੀਮਤਾਂ ਘਟਦੀਆਂ ਨੇ ਤਾਂ ਮੰਗ ਵਿੱਚ ਵੀ ਕਾਫ਼ੀ ਵਾਧਾ ਹੋਵੇਗਾ ।ਯਾਤਰੀ ਸੁਰੱਖਿਆ ਦੇ ਮੁੱਦੇ 'ਤੇ, ਸ੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤੀ ਰੇਲਵੇ ਸੁਰੱਖਿਆ ਨਾਲ ਸਬੰਧਤ ਪ੍ਰੋਜੈਕਟਾਂ 'ਤੇ ਸਾਲਾਨਾ ਇਕ ਲਖ 30 ਹਜ਼ਾਰ ਕਰੋੜ ਤੋਂ ਵੱਧ ਖਰਚ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਸਰਕਾਰ ਦੇ ਲਗਾਤਾਰ ਉਪਰਾਲਿਆਂ ਕਾਰਨ, ਹਾਦਸਿਆਂ ਦੀ ਗਿਣਤੀ ਹੁਣ ਪ੍ਰਤੀ ਸਾਲ 31 ਰਹਿ ਗਈ ਏ , ਜੋ ਕਿ 2013-14 ਵਿੱਚ 170 ਸੀ। ਸ੍ਰੀ ਵੈਸ਼ਨਵ ਨੇ ਕਿਹਾ ਕਿ ਸਰਕਾਰ

ਨੇ ਤਕਨਾਲੋਜੀ ਵਿੱਚ ਕਾਫ਼ੀ ਨਿਵੇਸ਼ ਕੀਤਾ ਏ, ਜਿਸ ਨਾਲ ਰੱਖ-ਰਖਾਅ ਵਿੱਚ ਸੁਧਾਰ ਹੋਇਆ ਏ।

-----------------------------------------------------------------

ਕੇਂਦਰੀ ਇਲਕਟ੍ਰੋਨਿਕ ਤੇ ਸੂਚਨਾ ਤਕਨਾਲੋਜੀ ਅਤੇ ਵਣਜ ਤੇ ਸਨਅਤ ਰਾਜ ਮੰਤਰੀ ਜਤਿਨ ਪ੍ਰਸ਼ਾਦ ਹੜ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਨ ਲਈ, ਪੰਜਾਬ ਦੇ ਦੌਰੇ 'ਤੇ ਨੇ। ਰਾਜ ਮੰਤਰੀ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਦੀਨਾਨਗਰ ਦੇ ਦੁੱਗਰੀ ਆਦਿਆਂ, ਹਾਰਦਾਣ ਅਤੇ ਨੰਗਲ ਬ੍ਰਾਹਮਣਾ ਪਹੁੰਚੇ। ਉਹਨਾਂ ਹੜਾ ਨਾਲ ਪ੍ਰਭਾਵਿਤ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਭਰੋਸਾ ਦਵਾਇਆ ਕਿ ਹੜਾਂ ਨਾਲ ਜਿਨਾਂ ਲੋਕਾਂ ਦਾ, ਜੋ ਵੀ ਨੁਕਸਾਨ ਹੋਇਆ ਏ, ਉਸ ਦੀ ਭਰਪਾਈ ਕੇਂਦਰ ਸਰਕਾਰ ਵੱਲੋਂ ਕੀਤੀ ਜਾਵੇਗੀ IBYTE :

-----------------------------------------------------------------

ਪੰਜਾਬ ਸਰਕਾਰ ਵੱਲੋਂ ਹੜ੍ਹਾਂ ਕਾਰਨ ਆਏ ਪਾਣੀ ਦੌਰਾਨ ਜਿਹੜੇ ਖੇਤਾਂ ਵਿੱਚ ਗਾਰ,ਮਿੱਟੀ ਭਰ ਗਈ ਏ , ਕਿਸਾਨ ਉਸ ਨੂੰ 'ਜਿਸਦਾ ਖੇਤ, ਉਸ ਦਾ ਰੇਤ' ਤਹਿਤ ਆਪਣੇ ਪੱਧਰ 'ਤੇ ਮਿੱਟੀ ਨੂੰ ਹਟਾਕੇ ਆਪਣੇ ਅਗਲੇ ਸੀਜ਼ਨ ਦੀ ਫ਼ਸਲ ਨੂੰ ਬੀਜ ਸਕਦਾ ਏ। ਮਾਨਸਾ ਦੇ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਇਸ ਸਬੰਧੀ ਜਾਰੀ ਨੋਟੀਫਿਕੇਸ਼ਨ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਮਾਈਨਿੰਗ ਅਤੇ ਭੂ-ਵਿਗਿਆਨ

ਵਿਭਾਗ ਵੱਲੋਂ ਖਾਨਾ ਅਤੇ ਖਣਿਜ ਵਿਕਾਸ ਅਤੇ ਨਿਆਮਕ ਐਕਟ 1957 ਦੇ ਉਪਬੰਦਾਂ ਵਿੱਚ ਢਿੱਲ ਦਿੱਤੀ ਗਈ ਏ। ਉਨ੍ਹਾਂ ਕਿਹਾ ਕਿ ਇਸ ਢਿੱਲ ਤਹਿਤ ਇੱਕ ਮੁਸ਼ਤ ਰਾਹਤ ਵਜੋਂ 31 ਦਸੰਬਰ ਤੱਕ ਹੜ੍ਹਾਂ ਕਾਰਨ ਖੇਤੀਯੋਗ ਖੇਤਾਂ ਵਿੱਚ ਜਮ੍ਹਾਂ ਹੋਈ ਗਾਰ,ਰੇਤ ਅਤੇ ਦਰਿਆ ਨਾਲ ਆਏ ਖਣਿਜ ਪਦਾਰਥਾਂ ਨੂੰ ਕਿਸਾਨਾਂ ਵੱਲੋਂ ਹਟਾਉਣ ਅਤੇ ਚੁੱਕਣ ਦੀ ਪ੍ਰਵਾਨਗੀ ਦਿੱਤੀ ਗਈ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 'ਜਿਸਦਾ ਖੇਤ,ਉਸਦਾ ਰੇਤ' ਅਨੁਸਾਰ ਕਿਸਾਨ ਹੜ੍ਹਾਂ ਦੇ ਪਾਣੀ ਕਾਰਨ ਉਨ੍ਹਾਂ ਦੇ ਖੇਤ ਵਿੱਚ ਜਮ੍ਹਾਂ ਹੋਈ ਗਾਰ,ਰੇਤ,ਦਰਿਆ ਨਾਲ ਆਏ ਖਣਿਜ ਪਦਾਰਥਾਂ ਨੂੰ ਖਾਣ ਅਤੇ ਭੂ-ਵਿਗਿਆਨ ਵਿਭਾਗ ਤੋਂ ਬਿਨ੍ਹਾਂ ਕੋਈ ਪਰਮਿਟ ਜਾਂ ਐਨ.ਓ.ਸੀ ਲਏ ਆਪਣੇ ਪੱਧਰ 'ਤੇ ਹਟਾ ਜਾਂ ਚੁੱਕ ਸਕਦਾ ਏ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪ੍ਰਭਾਵਿਤ ਕਿਸਾਨ ਜਾਂ ਕਾਸ਼ਤਕਾਰ ਹੜ੍ਹਾਂ ਕਾਰਨ ਖੇਤੀਯੋਗ ਖੇਤਾਂ ਵਿੱਚ ਜਮ੍ਹਾਂ ਹੋਈ ਗਾਰ,ਰੇਤ ਅਤੇ ਦਰਿਆ ਨਾਲ ਆਏ ਖਣਿਜ ਪਦਾਰਥਾਂ ਨੂੰ ਆਪਣੇ ਪੱਧਰ ਤੇ ਹਟਾਉਣ ਅਤੇ ਚੁੱਕਣ ਸਬੰਧੀ ਆਪਣੀ ਦਰਖਾਸਤ 30 ਸਤੰਬਰ ਤੱਕ ਕਾਰਜਕਾਰੀ ਇੰਜੀਨੀਅਰ ਡਰੇਨੇਜ਼- ਕੋਲ ਜਮ੍ਹਾਂ ਕਰਵਾਈ ਜਾ ਸਕਦੀ ਏ ।

---------------------------------------------------------------------

ਚੰਡੀਗੜ੍ਹ ਦੇ ਨਿਸ਼ਾਂਤ ਕੁਮਾਰ ਯਾਦਵ ਡਿਪਟੀ ਕਮਿਸ਼ਨਰ ਅਤੇ ਭਾਰਤੀ ਰੈੱਡ ਕਰਾਸ ਸੋਸਾਇਟੀ ਚੰਡੀਗੜ੍ਹ ਬ੍ਰਾਂਚ ਦੇ ਚੇਅਰਮੈਨ ਨੇ ਹਾਲ ਹੀ

ਵਿੱਚ ਆਏ ਹੜ੍ਹਾਂ ਤੋਂ ਪ੍ਰਭਾਵਿਤ ਪਰਿਵਾਰਾਂ ਲਈ ਰਾਹਤ ਸਮੱਗਰੀ ਲੈ ਕੇ ਜਾਣ ਵਾਲੇ ਚਾਰ ਟਰੱਕਾਂ ਦੇ ਕਾਫਲੇ ਨੂੰ ਝੰਡੀ ਦਿਖਾ ਕੇ ਅੰਮ੍ਰਿਤਸਰ ਅਤੇ ਗੁਰਦਾਸਪੁਰ ਲਈ ਰਵਾਨਾ ਕੀਤਾ। ਇਸ ਵਿੱਚ ਜ਼ਰੂਰੀ ਰਾਸ਼ਨ, ਪਸ਼ੂਆਂ ਦਾ ਚਾਰਾ, ਤਿਰਪਾਲਾਂ, ਭਾਂਡੇ ਅਤੇ ਹੋਰ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਸ਼ਾਮਲ ਹਨ। ਇਹ ਖੇਪ ਰੈੱਡ ਕਰਾਸ ਚੰਡੀਗੜ੍ਹ ਸ਼ਾਖਾ ਦੁਆਰਾ ਭੇਜੀ ਗਈ ਦੂਜੀ ਖੇਪ ਏ ਇਸ ਤੋਂ ਪਹਿਲਾਂ ਇਸ ਮਹੀਨੇ ਦੀ ਸ਼ੁਰੂਆਤ ਵਿੱਚ ਤਿੰਨ ਟਰੱਕ ਸਮੱਗਰੀ ਭੇਜੀ ਜਾ ਚੁੱਕੀ ਹੈ।

---------------------------------------------------------------------------

ਸੀਮਾ ਸੁਰੱਖਿਆ ਬਲ (BSF) ਨੇ ਇਸ ਸਾਲ ਦੌਰਾਨ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਸਭ ਤੋਂ ਵੱਡੀ ਖੇਪ ਜ਼ਬਤ ਕੀਤੀ ਏ । ਪੰਜਾਬ ਪੁਲਿਸ ਦੇ ਨਸ਼ਿਆਂ ਵਿਰੋਧੀ ਕਾਰਜ ਬਲ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਬੀਤੀ ਰਾਤ ਅੰਮ੍ਰਿਤਸਰ ਦੇ ਪਿੰਡ ਬਹਿੜਵਾਲ ਨੇੜੇ ਇੱਕ ਨਸ਼ਾ ਤਸਕਰ ਤੋਂ 25 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਦੇ 23 ਪੈਕੇਟ ਬਰਾਮਦ ਕੀਤੇ । ਉਸਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ ਵੀ ਜ਼ਬਤ ਕੀਤੀ ਗਈ ਏ ।BSF ਸੂਤਰਾਂ ਨੇ ਦੱਸਿਆ ਕਿ ਇਹ ਨਸ਼ੀਲਾ ਪਦਾਰਥ ਸਰਹੱਦ ਪਾਰ ਤੋਂ ਡਰੋਨ ਰਾਹੀਂ ਸੁੱਟਿਆ ਗਿਆ ਸੀ। ਦੋਸ਼ੀ ਨੂੰ ਹੋਰ ਜਾਂਚ ਲਈ

ਨਸ਼ਿਆਂ ਵਿਰੋਧੀ ਕਾਰਜ ਬਲ ਅੰਮ੍ਰਿਤਸਰ ਦੇ ਹਵਾਲੇ ਕਰ ਦਿੱਤਾ ਗਿਆ ਏ ।

---------------------------------------------------------------------

ਏਸ਼ੀਆ ਕੱਪ ਟਵੈਂਟੀ-ਟਵੈਂਟੀ ਕ੍ਰਿਕਟ ਟੂਰਨਾਮੈਂਟ ਵਿਚ ਅੱਜ ਇੱਕ ਮਹੱਤਵਪੂਰਨ ਗਰੁੱਪ ਬੀ ਮੈਚ ਵਿੱਚ ਅਫਗਾਨਿਸਤਾਨ ਦਾ ਸਾਹਮਣਾ ਸ਼੍ਰੀਲੰਕਾ ਨਾਲ ਹੋਵੇਗਾ । ਇਹ ਮੈਚ ਅਬੂ ਧਾਬੀ ਵਿੱਚ ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਸ਼ੁਰੂ ਹੋਵੇਗਾ। ਸੁਪਰ ਫੋਰ ਵਿੱਚ ਜਗ੍ਹਾ ਪੱਕੀ ਕਰਨ ਲਈ ਅਫਗਾਨਿਸਤਾਨ ਨੂੰ ਹਰ ਕੀਮਤ 'ਤੇ ਇਹ ਮੈਚ ਜਿੱਤਣਾ ਪਵੇਗਾ। ਕੱਲ੍ਹ ਟੂਰਨਾਮੈਂਟ ਵਿੱਚ, ਪਾਕਿਸਤਾਨ ਨੇ ਗਰੁੱਪ ਏ ਦੇ ਮੈਚ ਵਿੱਚ ਮੇਜ਼ਬਾਨ ਸੰਯੁਕਤ ਅਰਬ ਅਮੀਰਾਤ ਨੂੰ 41 ਦੌੜਾਂ ਨਾਲ ਹਰਾਇਆ । ਪਾਕਿਸਤਾਨ ਦੇ 147 ਦੌੜਾਂ ਦੇ ਟੀਚੇ ਦੇ ਜਵਾਬ ਵਿੱਚ, ਮੇਜ਼ਬਾਨ ਟੀਮ ਸਿਰਫ਼ 105 ਦੌੜਾਂ ਹੀ ਬਣਾ ਸਕੀ। ਇਸ ਜਿੱਤ ਨਾਲ, ਪਾਕਿਸਤਾਨ ਭਾਰਤ ਦੇ ਨਾਲ ਸੁਪਰ ਫੋਰ ਵਿੱਚ ਪਹੁੰਚ ਗਿਆ, ਜਦੋਂ ਕਿ ਸੰਯੁਕਤ ਅਰਬ ਅਮੀਰਾਤ ਟੂਰਨਾਮੈਂਟ ਤੋਂ ਬਾਹਰ ਹੋ ਗਿਆ।